# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :07-02-2026**

ਕੇਂਦਰ ਸਰਕਾਰ ਨੇ ਇਸ ਮਾਲੀ ਸਾਲ ਦੌਰਾਨ ਪੰਜਾਬ, ਮੱਧ ਪ੍ਰਦੇਸ਼ ਅਤੇ ਤੇਲੰਗਾਨਾ ਵਿੱਚ ਪੰਚਾਇਤੀ ਰਾਜ ਸੰਸਥਾਵਾਂ, ਦਿਹਾਤੀ ਸਥਾਨਕ ਸੰਸਥਾਵਾਂ ਨੂੰ ਮਜ਼ਬੂਤ ਕਰਨ ਲਈ 15ਵੇਂ ਮਾਲੀ ਕਮਿਸ਼ਨ ਦੀਆਂ ਗ੍ਰਾਂਟਾਂ ਵਜੋਂ 1100 ਕਰੋੜ ਰੁਪਏ ਤੋਂ ਵੱਧ ਜਾਰੀ ਕੀਤੇ ਨੇ । ਮੰਤਰਾਲੇ ਨੇ ਦੱਸਿਆ ਕਿ ਮੌਜੂਦਾ ਮਾਲੀ ਸਾਲ ਲਈ ਇਹਨਾਂ ਗ੍ਰਾਂਟਾਂ ਦੀ ਪਹਿਲੀ ਕਿਸ਼ਤ ਵਜੋਂ ਪੰਜਾਬ ਲਈ 222 ਕਰੋੜ ਰੁਪਏ ਦਾ ਫੰਡ ਵੀ ਜਾਰੀ ਕੀਤਾ ਗਿਆ ਏ । ਇਹ ਫੰਡ ਰਾਜ ਭਰ ਦੀਆਂ 13 ਹਜ਼ਾਰ ਤੋਂ ਵੱਧ ਯੋਗ ਗ੍ਰਾਮ ਪੰਚਾਇਤਾਂ, 150 ਯੋਗ ਬਲਾਕ ਪੰਚਾਇਤਾਂ ਅਤੇ 22 ਯੋਗ ਜ਼ਿਲ੍ਹਾ ਪੰਚਾਇਤਾਂ ਨੂੰ ਹਮਾਇਤ ਦੇਣਗੇ ।

---

ਹੁਸ਼ਿਆਰਪੁਰ ਸਥਿਤ STC ਬੀ.ਐਸ.ਐਫ ਖੜਕਾਂ ਕੈਂਪ ਵਿੱਚ ਅੱਜ ਮਹਿਲਾ ਰਿਕਰੂਟ ਕਾਂਸਟੇਬਲਾਂ ਦੀ ਪਾਸਿੰਗ ਆਉਟ ਪਰੇਡ ਕਾਰਵਾਈ ਗਈ ।

ਪਰੇਡ ਵਿੱਚ 447 ਮਹਿਲਾ ਰਿਕਰੂਟ ਕਾਂਸਟੇਬਲਾਂ ਪਾਸ ਆਊਟ ਹੋ ਕੇ ਸੀਮਾ ਸੁਰੱਖਿਆ ਬਲ ਵਿੱਚ ਸ਼ਾਮਿਲ ਹੋਈਆਂ। ਇਸ ਮੌਕੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਮੁੱਖ ਮਹਿਮਾਨ ਵਜੋਂ ਸਮਾਗਮ ਵਿੱਚ ਸ਼ਾਮਲ ਹੋਏ। ਉਨ੍ਹਾਂ ਨੇ ਪਾਸ ਆਉਟ ਹੋ ਰਹੀਆਂ ਮਹਿਲਾ ਜਵਾਨਾਂ ਨੂੰ ਵਧਾਈ ਦਿੱਤੀ ਅਤੇ ਦੇਸ਼ ਦੀ ਸੇਵਾ ਲਈ ਸਮਰਪਿਤ ਰਹਿਣ ਦਾ ਸੁਨੇਹਾ ਦਿੱਤਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਾਜਪਾਲ ਨੇ ਕਿਹਾ ਕਿ ਪੰਜਾਬ ਵਿੱਚ ਨਸ਼ੇ ਦੀ ਅਲਾਮਤ ਦੇ ਖਾਤਮੇ ਲਈ ਜਰੂਰੀ ਏ ਕਿ ਇਹ ਮੁਹਿੰਮ ਇੱਕ ਜਨ ਅੰਦੋਲਨ ਬਣੇ । ਰਾਜਪਾਲ ਨੇ ਕਿਹਾ ਕਿ ਇਸ ਦਿਸ਼ਾ ਵਿੱਚ ਉਪਰਾਲੇ ਕਰਦਿਆਂ ਉਹਨਾਂ ਵੱਲੋਂ ਤਿੰਨ ਸਰਹੱਦੀ ਜ਼ਿਲਿਆਂ ਵਿੱਚ ਪੈਦਲ ਯਾਤਰਾ ਫਿਰ ਤੋਂ ਸ਼ੁਰੂ ਕੀਤੀ ਜਾ ਰਹੀ ਏ । ਪਰੇਡ ਤੋਂ ਬਾਅਦ ਵੱਖ-ਵੱਖ ਸੂਬਿਆਂ ਦੇ ਸਭਿਆਚਾਰ ਅਧਾਰਿਤ ਪੇਸ਼ਕਾਰੀਆਂ ਤੇ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ। ਸਮਾਰੋਹ ਦੌਰਾਨ ਬੀ.ਐਸ.ਐਫ ਦੇ ਸੀਨੀਅਰ ਅਧਿਕਾਰੀ ਅਤੇ ਜਵਾਨਾਂ ਦੇ ਪਰਿਵਾਰਕ ਮੈਂਬਰ ਵੀ ਮੌਜੂਦ ਰਹੇ ।

------------------------------------------------------

ਪੰਜਾਬ ਤੇ ਕੇਂਦਰੀ ਸ਼ਾਸ਼ਿਤ ਪ੍ਰਦੇਸ਼ ਚੰਡੀਗੜ੍ਹ ਦੇ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਜਿਤੇਂਦਰ ਸਿੰਘ ਸ਼ੰਟੀ ਨੇ ਕਿਹਾ ਕਿ ਕਮਿਸ਼ਨ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਵਚਨਬੱਧ ਏ । ਜਲੰਧਰ ਦੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ

ਸਮੇਤ ਜ਼ਿਲ੍ਹਾ ਪੁਲਿਸ, ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀਆਂ ਅਤੇ ਵੱਖ-ਵੱਖ ਗੈਰ ਸਰਕਾਰੀ ਸੰਗਠਨਾਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਉਨ੍ਹਾਂ ਕਿਹਾ ਕਿ ਕਮਿਸ਼ਨ ਦਾ ਮੁੱਖ ਉਦੇਸ਼ ਹਰੇਕ ਨਾਗਰਿਕ ਨੂੰ ਸੰਵਿਧਾਨ ਅਨੁਸਾਰ ਪ੍ਰਾਪਤ ਮੂਲ ਅਧਿਕਾਰਾਂ ਦੀ ਸੁਰੱਖਿਆ ਯਕੀਨੀ ਬਣਾਉਣਾ ਏ । ਉਨ੍ਹਾਂ ਕਿਹਾ ਕਿ ਮਨੁੱਖੀ ਅਧਿਕਾਰਾਂ ਦੀ ਰੱਖਿਆ ਦੀ ਮਜ਼ਬੂਤੀ ਲਈ ਕਮਿਸ਼ਨ ਵੱਲੋਂ ਨਵੀ ਸਲਾਹ ਜਾਰੀ ਕੀਤੀ ਗਈ ਏ । ਉਨ੍ਹਾਂ ਕਿਹਾ ਕਿ ਕੋਈ ਵੀ ਹਸਪਤਾਲ ਬਿੱਲ ਬਕਾਇਆ ਹੋਣ ਦੀ ਸੂਰਤ ਵਿੱਚ ਮ੍ਰਿਤਕ ਦੇਹ ਨੂੰ ਪਰਿਵਾਰ ਨੂੰ ਦੇਣ ਤੋਂ ਇਨਕਾਰ ਨਹੀਂ ਕਰ ਸਕਦਾ । ਉਨ੍ਹਾਂ ਨਿਰਦੇਸ਼ ਦਿੰਦਿਆਂ ਕਿਹਾ ਕਿ ਹਸਪਤਾਲ ਪਰਿਵਾਰ ਤੋਂ ਐਲਾਨ ਪੱਤਰ ਲੈ ਕੇ ਬਿਨ੍ਹਾਂ ਕਿਸੇ ਦੇਰੀ ਮ੍ਰਿਤਕ ਦੇਹ ਪਰਿਵਾਰ ਨੂੰ ਸੌਂਪਣ। ਉਨ੍ਹਾਂ ਕਿਹਾ ਕਿ ਜੇਕਰ ਕੋਈ ਲੋੜਵੰਦ ਮਰੀਜ਼ ਇਲਾਜ ਦੀ ਰਕਮ ਅਦਾ ਕਰਨ ਤੋਂ ਅਸਮਰੱਥ ਹੋਵੇ ਤਾਂ ਬੈਂਕ ਚੈੱਕ ਜਾਂ ਐਫੀਡੇਵਿਟ ਲੈ ਕੇ ਇਲਾਜ ਉਪਰੰਤ ਘਰ ਭੇਜ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਹਸਪਤਾਲ ਲਈ ਮ੍ਰਿਤਕ ਦੇਹ ਨੂੰ ਮ੍ਰਿਤਕ ਦੇ ਘਰ ਛੱਡਣਾ ਲਾਜ਼ਮੀ ਏ ।   ਉਨ੍ਹਾਂ ਕਿਹਾ ਕਿ ਕਮਿਸ਼ਨ ਵਲੋਂ ਇਹ ਸਲਾਹ ਵੀ ਜਾਰੀ ਕੀਤੀ ਗਈ ਏ ਕਿ ਕਿਸੇ ਗੰਭੀਰ ਮਰੀਜ਼ ਨੂੰ ਹਸਪਤਾਲ ਲੈ ਕੇ ਜਾ ਰਹੀ ਕੋਈ ਵੀ ਐਂਬੂਲੈਂਸ ਵੱਲੋਂ 112 ’ਤੇ ਸੰਪਰਕ ਕਰਨ ’ਤੇ ਉਸ ਨੂੰ ਹਸਪਤਾਲ ਪਹੁੰਚਾਉਣ ਦੀ ਜ਼ਿੰਮੇਵਾਰੀ ਨੇੜਲੀ ਪੀ.ਸੀ.ਆਰ. ਜਾਂ ਨੇੜਲੇ ਪੁਲਿਸ ਸਟੇਸ਼ਨ ਵਾਹਨ ਦੀ ਹੋਵੇਗੀ।

ਉਨ੍ਹਾਂ ਦੱਸਿਆ ਕਿ ਕਮਿਸ਼ਨ ਵੱਲੋਂ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਸਬੰਧੀ ਸ਼ਿਕਾਇਤਾਂ ਲਈ ਹੈਲਪਲਾਈਨ ਨੰਬਰ 98554-75547 ਵੀ ਜਾਰੀ ਕੀਤਾ ਗਿਆ ਏ।

---------------------------------------------------------

ਮਾਨਸਾ ਜ਼ਿਲ੍ਹੇ ਦੇ ਪਿੰਡ ਸਰਦੂਲੇਵਾਲਾ ਨੇੜੇ ਬੀਤੀ ਦੇਰ ਰਾਤ ਇਕ ਕਾਰ ਤੇ ਟਰੱਕ ਵਿਚਕਾਰ ਹੋਈ ਟੱਕਰ 'ਚ ਇਕ ਬਜ਼ੁਰਗ ਸਮੇਤ 4 ਵਿਅਕਤੀਆਂ ਦੀ ਮੌਤ ਹੋ ਗਈ ਜਦੋਂ ਕਿ ਕਾਰ ਚਾਲਕ ਦੀ ਹਾਲਤ ਗੰਭੀਰ ਬਣੀ ਹੋਈ ਏ। ਮਾਨਸਾ ਤੋਂ ਸਾਢੇ ਪੱਤਰਕਾਰ ਜੋਗਿੰਦਰ ਮਾਨ ਨੇ ਦਸਿਆ ਕਿ ਕਾਰ ਚਾਲਕ ਨੂੰ ਸਿਰਸਾ ਵਿਖੇ ਰੈਫਰ ਕੀਤਾ ਗਿਆ ਏ ਤੇ ਮਿਰਤਕਾਂ ਦੀ ਪਹਿਚਾਣ ਹਾਲੇ ਤੱਕ ਨਹੀਂ ਹੋ ਸਕੀ । ਉਨ੍ਹਾਂ ਦਸਿਆ ਕਿ ਹਰਿਆਣਾ ਦੇ ਜ਼ਿਲ੍ਹਾ ਸਿਰਸਾ ਦਾ ਇਕ ਪਰਿਵਾਰ ਚੰਡੀਗੜ੍ਹ ਤੋਂ ਇਕ ਵਿਆਹ ਚੋਂ ਵਾਪਸ ਆਪਣੇ ਪਿੰਡ ਜਾ ਰਿਹਾ ਸੀ ਕਿ ਉਨ੍ਹਾਂ ਦੀ ਕਾਰ, ਸਾਹਮਣੇ ਤੋਂ ਆ ਰਹੇ ਟਰੱਕ ਨਾਲ ਟੱਕਰਾ ਗਈ, ਜਿਸ ਵਿੱਚ ਕਾਰ ਸਵਾਰ ਤਿੰਨ ਔਰਤਾਂ ਤੇ ਇਕ ਬਜ਼ੁਰਗ ਦੀ ਮੌਕੇ ਤੇ ਹੀ ਮੌਤ ਹੋ ਗਈ। ਪੁਲਿਸ ਅਗਲੇਰੀ ਕਾਰਵਾਈ ਕਰ ਰਹੀ ਏ।

---------------------------------------------------------

ਗਿੱਦੜਬਾਹਾ ਦੇ ਪਿੰਡ ਕੋਟਭਾਈ ਦੇ ਕੋਠੇ ਦਸ਼ਮੇਸ਼ ਨਗਰ ਵਿੱਚ ਬੀਤੀ ਰਾਤ ਪਾਣੀ ਦੀ ਖਾਲ ਨੂੰ ਲੈ ਕੇ ਹੋਏ ਵਿਵਾਦ ਦੌਰਾਨ ਦੋ ਵਿਅਕਤੀਆਂ ਦੀ

ਮੌਤ ਹੋ ਗਈ।   ਸਾਢੇ ਪੱਤਰਕਾਰ ਨੇ ਦਸਿਆ ਕਿ ਖਾਲ ਸਬੰਧੀ ਚੱਲ ਰਹੇ ਪੁਰਾਣੇ ਰੌਲੇ ਨੇ ਅਚਾਨਕ ਤਕਰਾਰ ਦਾ ਰੂਪ ਧਾਰ ਲਿਆ, ਜੋ ਕੁਝ ਹੀ ਸਮੇਂ ਵਿੱਚ ਹਿੰਸਕ ਝਗੜੇ ਵਿੱਚ ਬਦਲ ਗਿਆ। ਝਗੜੇ ਦੌਰਾਨ ਦੋ ਲੋਕ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ, ਪਰ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ। ਪੁਲਿਸ ਨੇ ਮੌਕੇ ’ਤੇ ਪਹੁੰਚ ਕੇ ਇਲਾਕੇ ਦੀ ਘੇਰਾਬੰਦੀ ਕਰਦਿਆਂ ਸਥਿਤੀ ’ਤੇ ਕਾਬੂ ਪਾਇਆ। ਪੁਲਿਸ  ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰ ਰਹੀ ਏ।

---------------------------------------------------------

ਓਧਰ ਗੜ੍ਹਸ਼ੰਕਰ ਦੇ ਪਿੰਡ ਮਹਿੰਦ-ਵਾਣੀ ਗੁੱਜਰਾਂ ਵਿੱਚ ਅਣਪਛਾਤੇ ਹਮਲਾਵਰਾਂ ਨੇ ਇੱਕ 62 ਸਾਲਾ ਔਰਤ ਦੀ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ। ਮ੍ਰਿਤਕ ਦੀ ਪਛਾਣ ਰਚਨਾ ਦੇਵੀ ਵਜੋਂ ਹੋਈ ਏ। ਸਾਢੇ ਪਤਰਕਾਰ ਨੇ ਦਸਿਆ ਕਿ ਸਵੇਰੇ ਕਰੀਬ 6 ਵਜੇ ਰਚਨਾ ਦੇਵੀ ਪਿੰਡ ਦੇ ਇੱਕ ਧਾਰਮਿਕ ਸਥਾਨ ਵਿੱਚ ਮੱਥਾ ਟੇਕਣ ਉਪਰੰਤ ਘਰ ਵਾਪਸ ਜਾ ਰਹੀ ਸੀ ਤਾ ਉਸ ਵੇਲੇ ਇੱਕ ਮੋਟਰਸਾਈਕਲ ਸਵਾਰ ਨੇ ਅਚਾਨਕ ਉਸ ‘ਤੇ ਗੋਲੀਆਂ ਚਲਾ ਦਿੱਤੀਆਂ। ਗੰਭੀਰ ਜ਼ਖ਼ਮੀ ਹਾਲਤ ਵਿੱਚ ਸਿਵਲ ਹਸਪਤਾਲ ਲੈਕੇ ਜਾਂਦੇ ਸਮੇਂ ਰਸਤੇ ਵਿੱਚ ਹੀ ਉਸ ਦੀ ਮੌਤ ਹੋ ਗਈ।

ਪੁਲਿਸ ਵਲੋਂ ਮਾਮਲੇ ਦੀ ਜਾਂਚ ਜਾਰੀ ।

---

ਪਟਿਆਲਾ ਦੇ ਵਧੀਕ ਡਿਪਟੀ ਕਮਿਸ਼ਨਰ ਡਾ. ਇਸਮਤ ਵਿਜੇ ਸਿੰਘ ਨੇ ਪਟਿਆਲਾ ਵਿਰਾਸਤੀ ਉਤਸਵ -2026 ਤਹਿਤ 12 ਤੇ 13 ਫਰਵਰੀ ਨੂੰ ਪਟਿਆਲਾ ਦੇ ਖ਼ਾਲਸਾ ਕਾਲਜ ਵਿਖੇ ਕਰਵਾਏ ਜਾਣ ਵਾਲੇ ਚੌਥੇ ਮਿਲਟਰੀ ਲਿਟਰੇਚਰ ਫੈਸਟੀਵਲ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ। ਉਨ੍ਹਾਂ ਦੱਸਿਆ ਕਿ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਦੀ ਅਗਵਾਈ ਹੇਠ ਕਰਵਾਏ ਜਾ ਰਹੇ ਮਿਲਟਰੀ ਲਿਟਰੇਚਰ ਫੈਸਟੀਵਲ ਮੌਕੇ 12 ਫਰਵਰੀ ਨੂੰ ਸਵੇਰੇ 9 ਵਜੇ ਵਾਈ.ਪੀ.ਐਸ. ਚੌਂਕ ਸਥਿਤ ਮਿਲਟਰੀ ਸ਼ਹੀਦਾਂ ਦੀ ਯਾਦਗਾਰ ਸੇਨੋਟਾਫ਼ ਵਿਖੇ ਫੁੱਲ ਮਾਲਾ ਅਰਪਣ ਅਤੇ ਪੋਲੋ ਗਰਾਊਂਡ ਤੋਂ ਬ੍ਰੇਵ-ਹਾਰਟ ਮੋਟਰ-ਸਾਈਕਲ ਰੈਲੀ ਹੋਵੇਗੀ । ਇਹ ਮੇਲਾ, ਮਿਲਟਰੀ ਲਿਟਰੇਚਰ ਫੈਸਟੀਵਲ ਐਸੋਸੀਏਸ਼ਨ ਦੇ ਚੇਅਰਮੈਨ ਲੈਫਟੀਨੈਂਟ ਜਨਰਲ ਟੀ.ਐਸ. ਸ਼ੇਰਗਿੱਲ, ਚੇਤਿੰਦਰ ਸਿੰਘ, ਮੇਜਰ ਜਨਰਲ ਏ.ਪੀ. ਸਿੰਘ ਅਤੇ ਬ੍ਰਿਗੇਡੀਅਰ ਅਦਵਿੱਤਿਆ ਮਦਾਨ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਏ । ਉਨ੍ਹਾਂ ਦੱਸਿਆ ਕਿ ਖ਼ਾਲਸਾ ਕਾਲਜ ਵਿਖੇ ਜੋਸ਼ ਅਤੇ ਬਹਾਦਰੀ ਦਾ ਵਰਨਣ, ਫ਼ੌਜੀ ਟੈਂਕਾਂ ਤੇ ਜੰਗੀ ਸਾਜ਼ੋ-ਸਾਮਾਨ ਦੀ ਪ੍ਰਦਰਸ਼ਨੀ, ਬੈਂਡ ਡਿਸਪਲੇ, ਵਾਈ.ਪੀ.ਐਸ. ਸਕੂਲੀ ਵਿਦਿਆਰਥੀਆਂ ਦਾ ਘੋੜਸਵਾਰੀ ਸ਼ੋਅ, ਗਤਕਾ, ਪੁਰਾਤਨ ਵਸਤਾਂ ਤੇ ਦੁਰਲੱਭ ਡਾਕ ਟਿਕਟਾਂ ਦੀ ਪ੍ਰਦਰਸ਼ਨੀ ਸਮੇਤ ਫ਼ੌਜ, ਆਈ.ਟੀ.ਬੀ.ਪੀ

ਅਤੇ ਪੁਲਿਸ ਭਰਤੀ ਬਾਰੇ ਕਾਉਂਸਲਿੰਗ ਅਤੇ ਫੂਡ ਕੋਰਟ ਵੀ ਸਥਾਪਤ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਫ਼ੌਜੀ ਟੈਂਕਾਂ ਤੇ ਜੰਗੀ ਸਾਜ਼ੋ-ਸਾਮਾਨ ਦੀ ਪ੍ਰਦਰਸ਼ਨੀ ਇਸ ਤੋਂ ਅਗਲੇ ਦਿਨ 13 ਫਰਵਰੀ ਨੂੰ ਵੀ ਖ਼ਾਲਸਾ ਕਾਲਜ ਵਿਖੇ ਜਾਰੀ ਰਹੇਗੀ।

---------------------------------------------------------

ਭਾਰਤ ਨੇ ਰਿਕਾਰਡ 6ਵੀਂ ਵਾਰ ਅੰਡਰ-19 ਇੱਕ ਰੋਜ਼ਾ ਕ੍ਰਿਕੇਟ ਵਿਸ਼ਵ ਕੱਪ ਦਾ ਖਿਤਾਬ ਜਿਤਿਆ ਏ। ਜ਼ਿੰਬਾਬਵੇ ਵਿੱਚ ਖੇਡੇ ਗਏ ਫਾਈਨਲ ਮੁਕਾਬਲੇ ਵਿੱਚ, ਭਾਰਤ ਨੇ ਇੰਗਲੈਂਡ ਨੂੰ 100 ਦੌੜਾਂ ਨਾਲ ਹਰਾਇਆ । ਭਾਰਤੀ ਟੀਮ ਨੇ ਪਹਿਲਾਂ ਬੱਲੇਬਾਜ਼ੀ ਕਰਦਿਆਂ, ਵੈਭਵ ਸੂਰਿਆਵੰਸ਼ੀ ਦੀਆਂ 175 ਦੌੜਾਂ ਦੀ ਬਦੌਲਤ, 50 ਓਵਰਾਂ 'ਚ 411 ਦੌੜਾਂ ਦਾ ਵਿਸ਼ਾਲ ਸਕੋਰ ਬਣਾਇਆ। ਵੈਭਵ ਸੂਰਿਆਵੰਸ਼ੀ ਨੇ 80 ਗੇਂਦਾਂ ਵਿੱਚ, 15 ਚੌਕਿਆਂ ਅਤੇ 15 ਛੱਕਿਆਂ ਨਾਲ 175 ਦੌੜਾਂ ਦੀ ਧਮਾਕੇਦਾਰ ਪਾਰੀ ਖੇਡੀ। ਕਪਤਾਨ ਆਯੂਸ਼ ਮਹਾਤਰੇ ਨੇ 53 ਦੌੜਾਂ ਦਾ ਯੋਗਦਾਨ ਦਿੱਤਾ। ਜਵਾਬ ਵਿੱਚ, ਇੰਗਲੈਂਡ ਦੀ ਟੀਮ 40 ਓਵਰਾਂ ਅਤੇ 2 ਗੇਂਦਾਂ ਵਿੱਚ 311 ਦੌੜਾਂ 'ਤੇ ਆਊਟ ਹੋ ਗਈ। ਇੰਗਲੈਂਡ ਲਈ ਕਾਲੇਬ ਫਾਕਨਰ ਨੇ ਸਭ ਤੋਂ ਵੱਧ 115 ਦੌੜਾਂ ਬਣਾਈਆਂ। ਵੈਭਵ ਨੂੰ ''ਪਲੇਅਰ ਆਫ਼ ਦ ਮੈਚ'' ਅਤੇ ''ਪਲੇਅਰ ਆਫ਼ ਦ ਸੀਰੀਜ਼'' ਵੀ ਚੁਣਿਆ ਗਿਆ।

ਇਹ ਅੰਡਰ-19 ਵਿਸ਼ਵ ਕੱਪ ਫਾਈਨਲ ਵਿੱਚ ਹੁਣ ਤੱਕ ਦੀ ਸਭ ਤੋਂ ਵੱਡੀ ਜਿੱਤ ਏ। ਇਸ ਤੋਂ ਪਹਿਲਾਂ, ਭਾਰਤ ਨੇ 2000, 2008, 2012, 2018 ਅਤੇ 2022 ਵਿੱਚ ਵੀ ਇਹ ਖਿਤਾਬ ਜਿੱਤਿਆ ਸੀ।

----------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਭਾਰਤੀ ਟੀਮ ਨੂੰ ਵਿਸ਼ਵ ਕੱਪ ਜਿੱਤਣ 'ਤੇ ਵਧਾਈ ਦਿੱਤੀ ਏ। ਰਾਸ਼ਟਰਪਤੀ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਟੀਮ ਨੂੰ ਪੂਰੇ ਟੂਰਨਾਮੈਂਟ ਦੌਰਾਨ, ਜੇਤੂ ਰਹਿਣ ਲਈ ਵਧਾਈ ਦਿੱਤੀ। ਉਪ ਰਾਸ਼ਟਰਪਤੀ ਨੇ ਫਾਈਨਲ ਵਿੱਚ, ਵੈਭਵ ਸੂਰਿਆਵੰਸ਼ੀ ਦੀ ਜ਼ਬਰਦਸਤ ਪਾਰੀ ਦੀ ਸ਼ਲਾਘਾ ਕੀਤੀ। ਪ੍ਰਧਾਨ ਮੰਤਰੀ ਨੇ ਪੂਰੇ ਟੂਰਨਾਮੈਂਟ ਦੌਰਾਨ, ਖਿਡਾਰੀਆਂ ਦੇ ਬੇਮਿਸਾਲ ਹੁਨਰ ਅਤੇ ਵਿਖਾਲੇ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ, ਇਹ ਜਿੱਤ ਨੌਜਵਾਨ ਖਿਡਾਰੀਆਂ ਨੂੰ ਪ੍ਰੇਰਿਤ ਕਰੇਗੀ। ਇਨ੍ਹਾਂ ਦੇ ਨਾਲ-ਨਾਲ ਗ੍ਰਹਿ ਮੰਤਰੀ ਅਮਿਤ ਸ਼ਾਹ, ਨੌਜਵਾਨ ਮਾਮਲਿਆਂ ਅਤੇ ਖੇਡਾਂ ਬਾਰੇ ਕੇਂਦਰੀ ਮੰਤਰੀ, ਮਨਸੁਖ ਮੰਡਵੀਆ, ਲੋਕ ਸਭਾ ਸਪੀਕਰ ਓਮ ਬਿਰਲਾ ਅਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਵੀ ਭਾਰਤ ਟੀਮ ਨੂੰ ਵਧਾਈ ਦਿੱਤੀ ਏ।

----------------------------------------------------------